## ਸ਼੍ਰੇਣੀ ਪਹਿਲੀ

## ਪੰਜਾਬੀ (ਪਹਿਲੀ ਭਾਸ਼ਾ)

## ਪਾਠ-ਕ੍ਰਮ

ਪ੍ਰਾਇਮਰੀ ਸ਼੍ਰੇਣੀਆਂ ਦੇ ਅੰਤ ਤੱਕ ਵਿਦਿਆਰਥੀ ਵਿੱਚ ਪੜ੍ਹਾਈ ਦਾ ਹੇਠ ਲਿਖਿਆ ਪੱਧਰ ਪ੍ਰਾਪਤ ਕਰਨ ਦਾ ਉਦੇਸ਼ ਧਿਆਨ ਵਿੱਚ ਰੱਖਿਆ ਜਾਵੇਗਾ :

1. ਪੜ੍ਹਨਾ
   - (ੳ) ਵਿਦਿਆਰਥੀ ਵਿੱਚ ਢੁਕਵੇਂ ਦਬਾਅ, ਠਹਿਰਾਅ ਤੇ ਤਾਨ ਨਾਲ਼ ਉੱਚੀ, ਸਾਫ਼, ਸਪਸ਼ਟ ਤੇ ਢੁਕਵੀਂ ਗਤੀ ਨਾਲ਼ ਪੜ੍ਹਨ ਦੀ ਯੋਗਤਾ ਪੈਦਾ ਕਰਨਾ ।
   - (ਅ) ਮੌਨ ਪਾਠ ਕਰਨ ਅਰਥਾਤ ਮੂੰਹ ਵਿੱਚ ਹੀ ਚੁੱਪ-ਚਾਪ ਪੜ੍ਹਨ ਦੀ ਯੋਗਤਾ ਪੈਦਾ ਕਰਨਾ।
2. ਗ੍ਰਹਿਣ ਕਰਨਾ
   - i. ਸੁਣ ਕੇ
     - (ੳ) ਧਿਆਨ ਨਾਲ਼ ਅਤੇ ਸਹੀ-ਸਹੀ ਸੁਣ ਕੇ ਸਮਝ ਸਕਣ ਦੀ ਸਮਰੱਥਾ ਦਾ ਵਿਕਾਸ ਕਰਨਾ।
   - ii. ਪੜ੍ਹ ਕੇ
     - (ੳ) ਧਿਆਨ ਨਾਲ਼ ਪੜ੍ਹ ਕੇ ਸਮਝ ਸਕਣ ਦੀ ਸਮਰੱਥਾ ਦਾ ਵਿਕਾਸ ਕਰਨਾ ।
     - (ਅ) ਸ਼ਬਦ-ਜੋੜਾਂ ਅਤੇ ਵਿਸਰਾਮ-ਚਿੰਨ੍ਹਾਂ ਅਨੁਸਾਰ ਪੜ੍ਹੀ ਗਈ ਸਮਗਰੀ ਦੇ ਭਾਵਾਂ ਨੂੰ ਸਮਝ ਸਕਣ ਦੀ ਯੋਗਤਾ ਪੈਦਾ ਕਰਨਾ।
3. ਪ੍ਰਗਟਾਅ
   - i. ਮੌਖਿਕ
     - (ੳ) ਸ਼ੁੱਧ, ਰਵਾਨੀ ਨਾਲ਼ ਬਿਨਾਂ ਝਿਜਕ ਤੋਂ ਬੋਲ ਸਕਣ ਦੀ ਯੋਗਤਾ ਪੈਦਾ ਕਰਨਾ ।
     - (ਅ) ਧੁਨੀਆਂ ਦਾ ਸਹੀ ਉਚਾਰਨ ਕਰਨ ਦੀ ਯੋਗਤਾ ਪੈਦਾ ਕਰਨਾ ।
     - (ੲ) ਵਿਆਕਰਨ ਦੇ ਪੱਖ ਤੋਂ ਸ਼ੁੱਧ, ਰਵਾਨੀ ਨਾਲ਼ ਅਤੇ ਬਿਨਾਂ ਝਿਜਕ ਤੋਂ ਬੋਲ ਸਕਣ ਦੀ ਸਮਰੱਥਾ ਪੈਦਾ ਕਰਨਾ ।
   - ii. ਲਿਖਤੀ
     - (ੳ) ਅੱਖਰਾਂ ਜਾਂ ਵਰਨਾਂ ਦੇ ਸਹੀ ਰੂਪ/ਆਕਾਰ ਨੂੰ ਲਿਖ ਸਕਣ ਦੀ ਯੋਗਤਾ ਪੈਦਾ ਕਰਨਾ ।
     - (ਅ) ਲਿਖਾਈ ਸੁੰਦਰ ਬਣਾਉਣ ਲਈ ਅੱਖਰਾਂ/ਸ਼ਬਦਾਂ ਅਤੇ ਸਤਰਾਂ ਵਿੱਚ ਇਕਸਾਰਤਾ ਰੱਖਣ ਦੀ ਯੋਗਤਾ ਪੈਦਾ ਕਰਨਾ ।
     - (ੲ) ਵਿਸਰਾਮ-ਚਿੰਨ੍ਹਾਂ ਦੀ ਸਹੀ ਵਰਤੋਂ ਕਰਦਿਆਂ ਆਪਣੇ ਵਿਚਾਰਾਂ ਨੂੰ ਸਪਸ਼ਟ ਤੇ ਢੁਕਵੇਂ ਰੂਪ ਵਿੱਚ ਲਿਖ ਕੇ ਪ੍ਰਗਟ ਕਰਨ ਦੀ ਯੋਗਤਾ ਪੈਦਾ ਕਰਨਾ ।

## ਪਹਿਲੀ ਸ਼੍ਰੇਣੀ (ਪਹਿਲੀ ਭਾਸ਼ਾ)

ਉਦੇਸ਼

1. ਪੜ੍ਹਨਾ
   - (ੳ) ਵਿਦਿਆਰਥੀ ਗੁਰਮੁਖੀ ਵਰਨ-ਮਾਲ਼ਾ ਦੇ ਅੱਖਰਾਂ ਨੂੰ ਪਛਾਣ ਸਕੇ ।
   - (ਅ) ਸਧਾਰਨ ਸੰਯੁਕਤ-ਅੱਖਰਾਂ ਨੂੰ ਜੋੜ ਕੇ ਪੜ੍ਹ ਸਕੇ ।
   - (ੲ) ਪੰਜਾਬੀ ਦੀਆਂ ਸਾਰੀਆਂ ਧੁਨੀਆਂ ਦਾ ਸਹੀ ਉਚਾਰਨ ਕਰ ਸਕੇ ।
   - (ਸ) ਪੰਜਾਬੀ ਦੀਆਂ 'ਗ,ਘ', 'ਜ,ਝ', 'ਡ,ਢ', 'ਦ,ਧ', 'ਬ,ਭ', 'ਵ,ਬ', 'ਣ,ਨ', 'ਸ,ਸ਼', 'ਜ,ਜ਼' 'ਲ,ਲ਼', ਆਦਿ ਉਚਾਰਨ ਪੱਖੋਂ ਲਗ-ਪਗ ਮਿਲ਼ਦੀਆਂ-ਜੁਲ਼ਦੀਆਂ ਧੁਨੀਆਂ ਦਾ ਆਪਸ ਵਿੱਚ ਨਿਖੇੜਾ ਕਰ ਸਕੇ ।
   - (ਹ) ਲਗਾਂ ਦੀ ਪਛਾਣ ਅਤੇ ਵਰਤੋਂ ਤੋਂ ਜਾਣੂ ਹੋ ਸਕੇ ।
   - (ਕ) ਸਰਲ ਸ਼ਬਦਾਂ ਤੇ ਸਧਾਰਨ ਵਾਕਾਂ ਨੂੰ ਸ਼ੁੱਧ ਪੜ੍ਹ ਸਕੇ ।
   - (ਖ) ਸਰਲ ਅਤੇ ਛੋਟੀਆਂ ਕਹਾਣੀਆਂ, ਕਵਿਤਾਵਾਂ ਅਤੇ ਕਥਨਾਂ ਆਦਿ ਨੂੰ ਪੜ੍ਹ ਸਕੇ ।
2. ਗ੍ਰਹਿਣ ਕਰਨਾ
   - (i) ਸੁਣ ਕੇ
     - (ੳ) ਵਿਦਿਆਰਥੀ ਅਧਿਆਪਕ ਵੱਲੋਂ ਦਿੱਤੀਆਂ ਜ਼ੁਬਾਨੀ ਹਿਦਾਇਤਾਂ ਨੂੰ ਸਮਝ ਸਕੇ ।
     - (ਅ) ਸਧਾਰਨ ਕਹਾਣੀਆਂ, ਕਵਿਤਾਵਾਂ, ਗੀਤਾਂ ਤੇ ਕਥਨਾਂ ਆਦਿ ਨੂੰ ਸੁਣ ਕੇ ਸਮਝ ਸਕੇ ।
     - (ੲ) ਘਰ, ਸਕੂਲ ਅਤੇ ਆਲ਼ੇ-ਦੁਆਲ਼ੇ ਵਿੱਚੋਂ ਸਿੱਖੀ ਹੋਈ ਸ਼ਬਦਾਵਲੀ ਤੋਂ ਇਲਾਵਾ 150-200 ਹੋਰ ਸ਼ਬਦ ਸਿੱਖ ਸਕੇ।
     - (ਸ) ਸ਼੍ਰੇਣੀ ਵਿੱਚ ਅਧਿਆਪਕ ਦੀ ਦਿੱਤੀ ਸੰਥਿਆ ਨੂੰ ਸਮਝ ਸਕੇ ।
     - (ਹ) ਘਰ, ਗਲ਼ੀ-ਗੁਆਂਢ, ਸਕੂਲ ਆਦਿ ਵਿੱਚ ਸਧਾਰਨ ਗੱਲ-ਬਾਤ ਸੁਣ ਕੇ ਸਮਝ ਸਕੇ ।

(ii) **ਪੜ੍ਹ ਕੇ**

(ੳ) ਵਿਦਿਆਰਥੀ ਪੰਜਾਬੀ ਵਰਨ-ਮਾਲ਼ਾ ਦੇ ਅੱਖਰਾਂ ਅਤੇ ਲਗਾਂ ਨੂੰ ਪਛਾਣ ਕੇ ਪੜ੍ਹ ਸਕੇ ।

(ਅ) ਪਾਠ-ਪੁਸਤਕ ਦੇ ਪਾਠ ਨੂੰ ਪੜ੍ਹ ਕੇ ਉਸ ਵਿੱਚੋਂ ਪੁੱਛੇ ਗਏ ਸਰਲ ਪ੍ਰਸ਼ਨਾਂ ਦੇ ਉੱਤਰ ਦੇ ਸਕੇ।

3. ਪ੍ਰਗਟਾਅ

(i) **ਮੌਖਿਕ**

(ੳ) ਵਿਦਿਆਰਥੀ ਨਿਯਤ ਪਾਠ-ਪੁਸਤਕਾਂ ਦੇ ਪਾਠ ਬੋਲ ਕੇ ਸਹੀ ਪੜ੍ਹ ਸਕੇ।

(ਅ) ਆਪਣੇ ਸਾਥੀਆਂ ਅਤੇ ਅਧਿਆਪਕਾਂ ਨਾਲ਼ ਬਿਨਾਂ ਝਿਜਕ ਗੱਲ-ਬਾਤ ਕਰ ਸਕੇ।

(ੲ) ਘਰ ਅਤੇ ਸਕੂਲ ਤੋਂ ਬਾਹਰ ਵੀ ਕਿਸੇ ਨਾਲ਼ ਗੱਲ-ਬਾਤ ਕਰ ਸਕੇ।

(ਸ) ਆਪਣੀਆਂ ਲੋੜਾਂ ਬਾਰੇ ਦੱਸ ਸਕੇ ।

(ਹ) ਇੱਕਲਿਆਂ ਜਾਂ ਰਲ਼ ਕੇ ਲੋਰੀਆਂ, ਬਾਲ-ਗੀਤ ਆਦਿ ਗਾ ਸਕੇ ।

(ii) **ਲਿਖਤੀ**

(ੳ) ਵਿਦਿਆਰਥੀ ਵਰਨ -ਮਾਲ਼ਾ ਦੇ ਸਾਰੇ ਚਿੰਨ੍ਹਾਂ ਨੂੰ ਸਹੀ ਲਿਖ ਸਕੇ।

(ਅ) ਅੱਖਰਾਂ, ਲਗਾਂ ਆਦਿ ਨੂੰ ਠੀਕ ਆਕਾਰ ਵਿੱਚ ਲਿਖ ਸਕੇ।

(ੲ) ਬਲੈਕ-ਬੋਰਡ ਅਤੇ ਪਾਠ-ਪੁਸਤਕਾਂ ਵਿੱਚੋਂ ਸ਼ਬਦਾਂ, ਵਾਕਾਂਸ਼ਾਂ ਅਤੇ ਵਾਕਾਂ ਨੂੰ ਦੇਖ ਕੇ ਲਿਖ ਸਕੇ।

(ਸ) ਅੱਖਰਾਂ, ਸ਼ਬਦਾਂ, ਵਾਕਾਂ/ਸਤਰਾਂ ਵਿਚਕਾਰ ਲੁੜੀਂਦੀ ਵਿੱਥ ਰੱਖ ਸਕੇ ਤਾਂਜੋ ਉਸ ਦੁਆਰਾ ਲਿਖਿਆ ਸਪਸ਼ਟ ਪੜ੍ਹਿਆ ਜਾ ਸਕੇ।

(ਹ) ਠੀਕ ਢੰਗ ਨਾਲ਼ ਬੈਠ ਕੇ ਲਿਖ ਸਕੇ।

(ਕ) ਲਿਖਣ ਲਈ ਪੈੱਨਸਿਲ, ਕਲਮ, ਸਲੇਟ, ਕਾਪੀ, ਫੱਟੀ ਆਦਿ ਲਿਖਣ- ਸਮਗਰੀ ਦੀ ਵਰਤੋਂ ਠੀਕ ਢੰਗ ਨਾਲ਼ ਕਰ ਸਕੇ।

ਨਿਰਧਾਰਿਤ ਪਾਠ-ਪੁਸਤਕ-

**1.** ਪੰਜਾਬੀ ਪੁਸਤਕ-1
(ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)

## ਸ਼੍ਰੇਣੀ ਦੂਜੀ
## ਪੰਜਾਬੀ (ਪਹਿਲੀ ਭਾਸ਼ਾ)

**ਉਦੇਸ਼ :**

1. ਪੜ੍ਹਨਾ
   - (ੳ) ਵਿਦਿਆਰਥੀ ਸੰਯੁਕਤ ਅੱਖਰਾਂ ਵਾਲ਼ੇ ਜਾਣੇ-ਪਛਾਣੇ ਸ਼ਬਦਾਂ ਨੂੰ ਪੜ੍ਹ ਸਕੇ।
   - (ਅ) ਪੂਰਨ-ਵਿਸਰਾਮ, ਕਾਮਾ, ਪ੍ਰਸ਼ਨਵਾਚਕ ਤੇ ਵਿਸਮਕ-ਚਿੰਨ੍ਹਾਂ ਅਨੁਸਾਰ ਬੋਲ ਕੇ ਪੜ੍ਹ ਸਕੇ।
   - (ੲ) ਪੰਜਾਬੀ ਦੀਆਂ ਸਰਲ ਅਤੇ ਸੰਖੇਪ ਕਹਾਣੀਆਂ, ਕਵਿਤਾਵਾਂ ਤੇ ਲੇਖ ਪੜ੍ਹ ਸਕੇ।
2. ਗ੍ਰਹਿਣ ਕਰਨਾ
   - (i) ਸੁਣ ਕੇ
     - (ੳ) ਵਿਦਿਆਰਥੀ ਕਿਸੇ ਦੂਜੇ ਵਿਦਿਆਰਥੀ ਦੁਆਰਾ ਪੜ੍ਹੇ ਗਏ ਪਾਠ ਨੂੰ ਸੁਣ ਕੇ ਸਮਝ ਸਕੇ।
     - (ਅ) ਸ਼੍ਰੇਣੀ ਵਿੱਚ ਅਧਿਆਪਕ ਦੀ ਦਿੱਤੀ ਸਿੱਖਿਆ ਨੂੰ ਸਮਝ ਸਕੇ।
     - (ੲ) ਆਮ ਗੱਲ-ਬਾਤ, ਕਹਾਣੀਆਂ, ਕਵਿਤਾਵਾਂ, ਬੁਝਾਰਤਾਂ ਅਤੇ ਚੁਟਕਲੇ ਆਦਿ ਸੁਣ ਕੇ ਸਮਝ ਸਕੇ।
     - (ਸ) ਟੈਲੀਵੀਜ਼ਨ ਜਾਂ ਰੇਡੀਓ ਤੋਂ ਬੱਚਿਆਂ ਲਈ ਪ੍ਰਸਾਰਿਤ ਕੀਤੇ ਜਾਣ ਵਾਲ਼ੇ ਦੇਖੇ/ਸੁਣੇ ਪ੍ਰੋਗ੍ਰਾਮ ਨੂੰ ਸਮਝ ਸਕੇ।
   - (ii) ਪੜ੍ਹ ਕੇ
     - (ੳ) ਵਿਦਿਆਰਥੀ ਪਾਠ -ਪੁਸਤਕਾਂ ਦੇ ਪਾਠ ਨੂੰ ਪੜ੍ਹ ਕੇ ਸਮਝ ਸਕੇ ਅਤੇ ਉਸ ਬਾਰੇ ਪੁੱਛੇ ਸਰਲ ਪ੍ਰਸ਼ਨਾਂ ਦੇ ਉੱਤਰ ਦੇਣ ਦੇ ਯੋਗ ਹੋ ਸਕੇ।
     - (ਅ) ਪੜ੍ਹਦੇ ਸਮੇਂ ਲਿਖਤ ਵਿੱਚ ਪ੍ਰਗਟਾਏ ਹੈਰਾਨੀ ਅਤੇ ਖ਼ੁਸ਼ੀ ਆਦਿ ਦੇ ਭਾਵਾਂ ਨੂੰ ਸਮਝ ਸਕੇ।
3. ਪ੍ਰਗਟਾਅ
   - (i) ਮੌਖਿਕ
     - (ੳ) ਵਿਦਿਆਰਥੀ ਪੜ੍ਹੀ ਜਾਂ ਸੁਣੀ ਹੋਈ ਕਿਸੇ ਕਵਿਤਾ ਜਾਂ ਕਹਾਣੀ ਨੂੰ ਦੁਬਾਰਾ ਆਪਣੇ ਸ਼ਬਦਾਂ ਵਿੱਚ ਸੁਣਾ ਸਕੇ।
     - (ਅ) ਪਾਠ-ਪੁਸਤਕਾਂ ਵਿਚਲੇ ਪੜ੍ਹੇ ਪਾਠਾਂ ਬਾਰੇ ਨਿੱਕੇ ਤੇ ਸਰਲ ਪ੍ਰਸ਼ਨਾਂ ਦੇ ਉੱਤਰ ਦੇ ਸਕੇ।
     - (ੲ) ਆਪਣੀ ਪਾਠ-ਪੁਸਤਕਾਂ ਵਿੱਚੋਂ ਕੋਈ ਕਵਿਤਾ ਜਾਂ ਗੀਤ ਸੁਣਾ ਸਕੇ।
   - (ii) ਲਿਖਤੀ
     - (ੳ) ਵਿਦਿਆਰਥੀ ਪਾਠ-ਅਭਿਆਸਾਂ ਵਿੱਚੋਂ ਦਿੱਤੇ ਪ੍ਰਸ਼ਨਾਂ ਦੇ ਉੱਤਰ ਲਿਖ ਸਕੇ।
     - (ਅ) ਦਿੱਤੇ ਸ਼ਬਦਾਂ ਵਿੱਚੋਂ ਢੁਕਵੇਂ ਸ਼ਬਦ ਚੁਣ ਕੇ ਵਾਕਾਂ ਵਿਚਲੀਆਂ ਖ਼ਾਲੀ ਥਾਂਵਾਂ ਭਰ ਸਕੇ।
     - (ੲ) 'ਸਮਝੋ ਤੇ ਲਿਖੋ' ਸਿਰਲੇਖ ਹੇਠ ਦਿੱਤੀਆਂ ਉਦਾਹਰਨਾਂ ਨੂੰ ਦੇਖ ਕੇ ਲਿੰਗ ਤੇ ਵਚਨ ਬਦਲ ਕੇ ਲਿਖ ਸਕੇ।
     - (ਸ) ਸਧਾਰਨ ਵਾਕਾਂ ਨੂੰ ਲਿਖ ਸਕੇ।

ਨਿਰਧਾਰਿਤ ਪਾਠ-ਪੁਸਤਕ-

1. ਪੰਜਾਬੀ ਪੁਸਤਕ-2
   (ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)

## ਸ਼੍ਰੇਣੀ ਤੀਜੀ

## ਪੰਜਾਬੀ (ਪਹਿਲੀ ਭਾਸ਼ਾ)

1. ਪੜ੍ਹਨਾ
   - (ੳ) ਵਿਦਿਆਰਥੀ ਪੰਜਾਬੀ ਦੀਆਂ ਸਰਲ ਤੇ ਨਿੱਕੀਆਂ ਕਹਾਣੀਆਂ, ਕਵਿਤਾਵਾਂ ਅਤੇ ਲੇਖ ਆਦਿ ਪੜ੍ਹ ਸਕੇ।
   - (ਅ) ਢੁਕਵੇਂ ਉਚਾਰਨ, ਠਹਿਰਾਅ, ਦਬਾਅ ਅਤੇ ਤਾਨ ਨਾਲ਼ ਪਾਠ-ਪੁਸਤਕਾਂ ਵਿਚਲੇ ਰਚਨਾ-ਅੰਸ਼ਾਂ ਨੂੰ ਉੱਚੀ ਬੋਲ ਕੇ ਪੜ੍ਹ ਸਕੇ।
   - (ੲ) ਚੁੱਪ-ਚਾਪ ਮੂੰਹ ਵਿੱਚ ਹੀ ਲੁੜੀਂਦੀ ਗਤੀ ਨਾਲ਼ ਪੜ੍ਹ ਸਕੇ।
   - (ਸ) ਸਾਫ਼-ਸਾਫ਼ ਲਿਖੀ ਹੋਈ ਸਰਲ ਹੱਥ-ਲਿਖਤ ਪੜ੍ਹ ਸਕੇ।

2. ਗ੍ਰਹਿਣ ਕਰਨਾ

(i) ਸੁਣ ਕੇ
   - (ੳ) ਵਿਦਿਆਰਥੀ ਕਿਸੇ ਦੂਜੇ ਵਿਦਿਆਰਥੀ ਦੁਆਰਾ ਪੜ੍ਹੇ ਪਾਠ ਨੂੰ ਸੁਣ ਕੇ ਸਮਝ ਸਕੇ।
   - (ਅ) ਸ਼੍ਰੇਣੀ ਵਿੱਚ ਅਧਿਆਪਕ ਦੀ ਸੰਥਿਆ ਨੂੰ ਸਮਝ ਸਕੇ।
   - (ੲ) ਸ਼੍ਰੇਣੀ ਜਾਂ ਸਕੂਲ ਵਿੱਚ ਸੁਣਾਏ ਚੁਟਕਲੇ, ਕਹਾਣੀਆਂ, ਕਵਿਤਾਵਾਂ ਆਦਿ ਸੁਣ ਕੇ ਸਮਝ ਸਕੇ।
   - (ਸ) ਖ਼ਾਸ ਗੱਲ-ਬਾਤ ਨੂੰ ਸੁਣ ਕੇ ਸਮਝ ਸਕੇ।
   - (ਹ) ਟੈਲੀਵੀਜ਼ਨ ਜਾਂ ਰੇਡੀਓ ਤੋਂ ਬੱਚਿਆਂ ਲਈ ਪ੍ਰਸਾਰਿਤ ਕੀਤੇ ਜਾਣ ਵਾਲ਼ੇ ਵੇਖੇ, ਸੁਣੇ ਪ੍ਰੋਗ੍ਰਾਮ ਨੂੰ ਸਮਝ ਸਕੇ।

(ii) ਪੜ੍ਹ ਕੇ
   - (ੳ) ਵਿਦਿਆਰਥੀ ਆਪਣੀ ਪਾਠ-ਪੁਸਤਕ ਵਿਚਲੀ ਕਹਾਣੀ ਨੂੰ ਪੜ੍ਹ ਕੇ ਉਹਨਾਂ ਵਿਚਲੇ ਘਟਨਾ-ਕ੍ਰਮ ਨੂੰ ਸਮਝ ਸਕੇ ।
   - (ਅ) ਆਪਣੀ ਪਾਠ-ਪੁਸਤਕ ਦੇ ਪਾਠਾਂ ਨੂੰ ਪੜ੍ਹ ਕੇ ਉਹਨਾਂ ਵਿਚਲੇ ਭਾਵਾਂ ਨੂੰ ਗ੍ਰਹਿਣ ਕਰ ਸਕੇ ।
   - (ੲ) ਪਾਠ-ਪੁਸਤਕ ਦੇ ਪਾਠਾਂ ਨੂੰ ਪੜ੍ਹ ਕੇ ਉਹਨਾਂ ਸੰਬੰਧੀ ਪੁੱਛੇ ਗਏ ਸਧਾਰਨ ਪ੍ਰਸ਼ਨਾਂ ਦੇ ਉੱਤਰ ਦੇਣ ਦੇ ਯੋਗ ਹੋ ਸਕੇ ।
   - (ਸ) ਵਿਸਰਾਮ-ਚਿੰਨ੍ਹਾਂ ਨੂੰ ਸਮਝਦੇ ਹੋਏ, ਲਿਖਤ ਵਿੱਚ ਪ੍ਰਗਟਾਏ ਹੈਰਾਨੀ ਤੇ ਖ਼ੁਸ਼ੀ ਆਦਿ ਦੇ ਭਾਵਾਂ ਨੂੰ ਸਮਝ ਸਕੇ ।

3. ਪ੍ਰਗਟਾਅ

(i) ਮੌਖਿਕ
   - (ੳ) ਵਿਦਿਆਰਥੀ ਪਾਠ-ਪੁਸਤਕ ਵਿਚਲੇ ਪੜ੍ਹੇ ਪਾਠ ਬਾਰੇ ਨਿੱਕੇ ਤੇ ਸਰਲ ਪ੍ਰਸ਼ਨਾਂ ਦੇ ਉੱਤਰ ਦੇ ਸਕੇ ।
   - (ਅ) ਪੜ੍ਹੀ ਜਾਂ ਸੁਣੀ ਹੋਈ ਕਿਸੇ ਕਹਾਣੀ ਨੂੰ ਦੁਬਾਰਾ ਆਪਣੇ ਸ਼ਬਦਾਂ ਵਿੱਚ ਸੁਣਾ ਸਕੇ ।
   - (ੲ) ਆਪਣੇ ਸਾਥੀ ਵਿਦਿਆਰਥੀ ਨਾਲ਼ ਬਿਨਾਂ ਝਿਜਕ ਗੱਲ-ਬਾਤ ਕਰ ਸਕੇ।
   - (ਸ) ਆਪਣੀ ਪਾਠ-ਪੁਸਤਕ ਵਿੱਚੋਂ ਕੋਈ ਕਵਿਤਾ ਜਾਂ ਗੀਤ ਸੁਣਾ ਸਕੇ।

(ii) ਲਿਖਤੀ
   - (ੳ) ਵਿਦਿਆਰੀ ਪਾਠ-ਅਭਿਆਸਾਂ ਵਿੱਚ ਦਿੱਤੇ ਪ੍ਰਸ਼ਨਾਂ ਦੇ ਉੱਤਰ ਲਿਖ ਸਕੇ।
   - (ਅ) ਦਿੱਤੇ ਸ਼ਬਦਾਂ ਵਿੱਚੋਂ ਢੁਕਵੇਂ ਸ਼ਬਦ ਚੁਣ ਕੇ ਵਾਕਾਂ ਵਿਚਲੀਆਂ ਖ਼ਾਲੀ ਥਾਂਵਾਂ ਭਰ ਸਕੇ।
   - (ੲ) ਕਿਸੇ ਦੂਜੇ ਦੁਆਰਾ ਬੋਲੇ ਗਏ ਸਰਲ ਸ਼ਬਦਾਂ ਅਤੇ ਵਾਕਾਂ ਨੂੰ ਸੁਣ ਕੇ ਸ਼ਬਦ-ਜੋੜਾਂ ਪੱਖੋਂ ਸ਼ੁੱਧ ਲਿਖ ਸਕੇ।
   - (ਸ) ਲਿਖਣ ਵੇਲ਼ੇ ਪੂਰਨ ਵਿਸਰਾਮ-ਚਿੰਨ੍ਹ, ਕਾਮਾ, ਪ੍ਰਸ਼ਨਵਾਚਕ-ਚਿੰਨ੍ਹ, ਵਿਸਮਕ-ਚਿੰਨ੍ਹ ਅਤੇ ਪੁੱਠੇ-ਸਿੱਧੇ ਕਾਮਿਆਂ ਦੀ ਢੁਕਵੀਂ ਵਰਤੋਂ ਕਰਨ ਦੇ ਯੋਗ ਹੋ ਸਕੇ।
   - (ਹ) ਪਾਠ-ਪੁਸਤਕ ਵਿੱਚੋਂ ਦਿਲਚਸਪ ਪੈਰੇ ਜਾਂ ਆਪਣੀ ਮਨਪਸੰਦ ਕਵਿਤਾ ਦੀਆਂ ਤੁਕਾਂ ਨੂੰ ਸੋਹਣੀ ਲਿਖਾਈ ਵਿੱਚ ਲਿਖ ਸਕੇ ।
   - (ਕ) ਪੜ੍ਹੀ ਹੋਈ ਸਮਗਰੀ ਵਿੱਚੋਂ ਪੁੱਛੇ ਗਏ ਸ਼ਬਦਾਂ ਦੇ ਵਿਰੋਧਾਰਥਕ, ਸਮਾਨਾਰਥਕ ਸ਼ਬਦ ਲਿਖ ਸਕੇ ਅਤੇ ਲਿੰਗ ਬਦਲਣ, ਬਹੁਵਚਨ ਬਣਾਉਣ ਬਾਰੇ ਪੁੱਛੇ ਪ੍ਰਸ਼ਨਾਂ ਦੇ ਉੱਤਰ ਦੇ ਸਕੇ ।

4. ਲਿਖਤ ਰਚਨਾ

   ਵਿਦਿਆਰਥੀ ਹੇਠ ਲਿਖੇ ਵਿਸ਼ਿਆਂ ਬਾਰੇ 8-10 ਵਾਕ ਲਿਖ ਸਕੇ।

   ਮੇਰਾ ਘਰ, ਮੇਰਾ ਅਧਿਆਪਕ, ਮੇਰਾ ਸਕੂਲ, ਮੇਰਾ ਮਿੱਤਰ, ਮੇਰਾ ਬਸਤਾ ਆਦਿ।

ਨਿਰਧਾਰਿਤ ਪਾਠ-ਪੁਸਤਕ-

1. **ਪੰਜਾਬੀ ਪੁਸਤਕ-3**
   **(ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)**

## ਸ਼੍ਰੇਣੀ ਚੌਥੀ
## ਪੰਜਾਬੀ (ਪਹਿਲੀ ਭਾਸ਼ਾ)

**ਉਦੇਸ਼**

1. ਪੜ੍ਹਨਾ

(ੳ) ਵਿਦਿਆਰਥੀ ਪੰਜਾਬੀ ਦੀਆਂ ਸਰਲ ਕਹਾਣੀਆਂ, ਕਵਿਤਾਵਾਂ, ਲੇਖ ਆਦਿ ਪੜ੍ਹ ਸਕੇ ।

(ਅ) ਪੰਜਾਬੀ ਦੇ ਅਖ਼ਬਾਰ, ਬਾਲ-ਰਿਸਾਲੇ, ਇਸ਼ਤਿਹਾਰ, ਚਿੱਠੀ-ਪੱਤਰ ਆਦਿ ਪੜ੍ਹ ਸਕੇ ।

(ੲ) ਵਿਸਰਾਮ-ਚਿੰਨ੍ਹਾਂ ਅਨੁਸਾਰ ਸਹੀ ਉਚਾਰਨ ਅਤੇ ਢੁਕਵੇਂ ਲਹਿਜੇ ਨਾਲ਼, ਪਾਠ-ਪੁਸਤਕ ਵਿੱਚੋਂ ਵਾਰਤਕ 'ਤੇ ਕਵਿਤਾ ਦੇ ਪਾਠਾਂ ਨੂੰ ਬੋਲ ਕੇ ਪੜ੍ਹ ਸਕੇ ।

(ਸ) ਚੁੱਪ-ਚਾਪ ਲੁੜੀਂਦੀ ਗਤੀ ਨਾਲ਼ ਪੜ੍ਹ ਸਕੇ ।

2. ਗ੍ਰਹਿਣ ਕਰਨਾ

(i) ਸੁਣ ਕੇ

(ੳ) ਵਿਦਿਆਰਥੀ ਕਿਸੇ ਦੂਜੇ ਵਿਦਿਆਰਥੀ ਦੁਆਰਾ ਪੜ੍ਹੇ ਪਾਠਾਂ ਨੂੰ ਸੁਣ ਕੇ ਸਮਝ ਸਕੇ ।

(ਅ) ਸ਼੍ਰੇਣੀ ਵਿੱਚ ਅਧਿਆਪਕ ਦੀ ਦਿੱਤੀ ਸੰਥਿਆ ਨੂੰ ਸਮਝ ਸਕੇ ।

(ੲ) ਸ਼੍ਰੇਣੀ ਜਾਂ ਸਕੂਲ-ਸਭਾ ਵਿੱਚ ਸੁਣਾਏ ਚੁਟਕਲੇ, ਕਹਾਣੀਆਂ ਆਦਿ ਨੂੰ ਸੁਣ ਕੇ ਸਮਝ ਅਤੇ ਸਲਾਹ ਸਕੇ ।

(ਸ) ਟੈਲੀਵੀਜ਼ਨ ਅਤੇ ਰੇਡੀਓ ਤੋਂ ਪ੍ਰਸਾਰਿਤ ਬੱਚਿਆਂ ਦੇ ਵੇਖੇ, ਸੁਣੇ ਪ੍ਰੋਗ੍ਰਾਮਾਂ ਨੂੰ ਸਮਝ ਸਕੇ ।

(ਹ) ਕਿਸੇ ਦਾ ਬੋਲਿਆ ਸੁਣ ਕੇ ਉਸ ਵਿਚਲੇ ਵਿਅੰਗ ਅਤੇ ਪ੍ਰਗਟਾਏ ਭਾਵਾਂ ਨੂੰ ਸਮਝ ਸਕੇ ।

(ii) ਪੜ੍ਹ ਕੇ

(ੳ) ਵਿਦਿਆਰਥੀ ਪਾਠ-ਪੁਸਤਕ ਵਿਚਲੀਆਂ ਕਹਾਣੀਆਂ ਨੂੰ ਪੜ੍ਹ ਕੇ ਉਹਨਾਂ ਦੇ ਘਟਨਾ-ਕ੍ਰਮ ਨੂੰ ਸਮਝ ਸਕੇ ।

(ਅ) ਉਹ ਆਪਣੀ ਪਾਠ-ਪੁਸਤਕ ਦੇ ਪਾਠ ਨੂੰ ਪੜ੍ਹ ਕੇ ਉਸ ਵਿਚਲੇ ਭਾਵ ਨੂੰ ਗ੍ਰਹਿਣ ਕਰ ਸਕੇ ।

(ੲ) ਪਾਠ-ਪੁਸਤਕ ਦੇ ਪਾਠ ਨੂੰ ਪੜ੍ਹ ਕੇ ਉਸ ਸੰਬੰਧੀ ਪੁੱਛੇ ਗਏ ਸਧਾਰਨ ਸਵਾਲਾਂ ਦੇ ਉੱਤਰ ਦੇਣ ਦੇ ਯੋਗ ਹੋ ਸਕੇ ।

(ਸ) ਕਿਸੇ ਨੋਟਿਸ, ਇਸ਼ਤਿਹਾਰ ਆਦਿ ਨੂੰ ਪੜ੍ਹ ਕੇ ਸਮਝ ਸਕੇ।

(ਹ) ਵਿਸਰਾਮ-ਚਿੰਨ੍ਹਾਂ ਨੂੰ ਸਮਝਦੇ ਹੋਏ, ਲਿਖਤ ਵਿੱਚ ਪ੍ਰਗਟਾਏ ਹੈਰਾਨੀ ਅਤੇ ਖ਼ੁਸ਼ੀ ਆਦਿ ਦੇ ਭਾਵਾਂ ਨੂੰ ਸਮਝ ਸਕੇ।

3. ਪ੍ਰਗਟਾਅ

(i) ਮੌਖਿਕ

(ੳ) ਵਿਦਿਆਰਥੀ ਪਾਠ-ਪੁਸਤਕ ਵਿਚਲੇ ਪੜ੍ਹੇ ਪਾਠਾਂ ਬਾਰੇ ਨਿੱਕੇ ਅਤੇ ਸਰਲ ਪ੍ਰਸ਼ਨਾਂ ਦੇ ਉੱਤਰ ਦੇ ਸਕੇ ।

(ਅ) ਪੜ੍ਹੀ ਜਾਂ ਸੁਣੀ ਹੋਈ ਕਹਾਣੀ ਜਾਂ ਘਟਨਾ ਨੂੰ ਆਪਣੇ ਸ਼ਬਦਾ ਵਿੱਚ ਸੁਣਾ ਸਕੇ।

(ੲ) ਆਪਣੇ ਸਾਥੀ ਵਿਦਿਆਰਥੀਆਂ ਨਾਲ਼ ਬਿਨਾਂ ਝਿਜਕ ਗੱਲ-ਬਾਤ ਕਰ ਸਕੇ ।

(ਸ) ਆਪਣੀ ਪਾਠ-ਪੁਸਤਕ ਵਿੱਚੋਂ ਕੋਈ ਕਵਿਤਾ ਜਾਂ ਗੀਤ ਸੁਣਾ ਸਕੇ ।

(ਹ) ਸਕੂਲ-ਸਭਾ ਵਿੱਚ ਕੋਈ ਦਿਲਚਸਪ ਗੱਲ, ਘਟਨਾ ਜਾਂ ਕਹਾਣੀ ਸੁਣਾ ਸਕੇ ।

(ii) ਲਿਖਤੀ

(ੳ) ਵਿਦਿਆਰਥੀ ਪਾਠ-ਅਭਿਆਸਾਂ ਵਿੱਚ ਦਿੱਤੇ ਪ੍ਰਸ਼ਨਾਂ ਦੇ ਉੱਤਰ ਲਿਖ ਸਕੇ ।

(ਅ) ਢੁਕਵੇਂ ਸ਼ਬਦ ਚੁਣ ਕੇ ਵਾਕਾਂ ਵਿਚਲੀਆਂ ਖ਼ਾਲੀ ਥਾਂਵਾਂ ਭਰ ਸਕੇ ।

(ੲ) ਸ਼ਬਦਾਂ, ਵਾਕਾਂ ਅਤੇ ਪੈਰਿਆਂ ਨੂੰ ਸੁਣ ਕੇ ਸ਼ਬਦ-ਜੋੜਾਂ ਪੱਖੋਂ ਸ਼ੁੱਧ ਲਿਖ ਸਕੇ ।

(ਸ) ਲਿਖਣ ਵੇਲ਼ੇ ਪੂਰਨ-ਵਿਸਰਾਮ, ਕਾਮਾ, ਪ੍ਰਸ਼ਨਵਾਚਕ-ਚਿੰਨ੍ਹ ਅਤੇ ਪੁੱਠੇ-ਸਿਧੇ ਕਾਮਿਆਂ ਦੀ ਢੁਕਵੀਂ ਵਰਤੋਂ ਕਰਨ ਦੇ ਯੋਗ ਹੋ ਸਕੇ ।

(ਹ) ਪਾਠ-ਪੁਸਤਕ ਵਿੱਚੋਂ ਕਿਸੇ ਦਿਲਚਸਪ ਲੇਖ ਜਾਂ ਕਹਾਣੀ ਨੂੰ ਸਰਲ ਕਰ ਕੇ ਆਪਣੇ ਸ਼ਬਦਾਂ ਵਿੱਚ ਲਿਖ ਸਕੇ ।

(ਕ) ਪਾਠ-ਪੁਸਤਕ ਵਿੱਚੋਂ ਮੁਹਾਵਰੇ ਚੁਣ ਕੇ ਉਹਨਾਂ ਦੀ ਵਾਕਾਂ ਵਿੱਚ ਵਰਤੋਂ ਕਰ ਸਕੇ ।

(ਖ) ਆਪਣੀ ਲੋੜ ਜਾਂ ਦਿਲਚਸਪੀ ਦੀ ਕੋਈ ਚੀਜ਼ ਨੋਟ ਕਰ ਸਕੇ ।

4. ਲਿਖਤ ਰਚਨਾ

ੳ) ਵਿਦਿਆਰਥੀ ਆਪਣੇ ਅਨੁਭਵ ਅਨੁਸਾਰ ਹੇਠ ਲਿਖੇ ਵਿਸ਼ਿਆ ਬਾਰੇ 10-15 ਵਾਕ ਲਿਖ ਸਕੇ ।
ਜਿਵੇਂ : ਮੇਰੀ ਕਿਤਾਬ, ਸਾਡਾ ਪਿਡ/ਸ਼ਹਿਰ, ਕਿਸੇ ਵੀ ਪਸ਼ੂ ਬਾਰੇ, ਡਾਕੀਆ, ਦਿਵਾਲ਼ੀ, ਦਸਹਿਰਾ, ਕੋਈ ਰੁੱਤ (ਵਰਖਾ-ਰੁੱਤ) ਆਦਿ ।

ਅ) ਬਿਨੈ-ਪੱਤਰ, ਚਿੱਠੀਆਂ
ਛੁੱਟੀ ਲੈਣ ਲਈ, ਫ਼ੀਸ ਮਾਫ ਕਰਵਾਉਣ ਲਈ, ਸਕੂਲ ਵਿਚਲੀਆਂ ਆਪਣੀਆਂ ਲੋੜਾਂ ਬਾਰੇ ਸਕੂਲ ਦੇ ਮੁੱਖ ਅਧਿਆਪਕ ਨੂੰ ਬਿਨੈ-ਪੱਤਰ।

ੲ) ਮਿੱਤਰ/ਸਹੇਲੀ ਅਤੇ ਨੇੜੇ ਦੇ ਸਾਕ-ਸੰਬੰਧੀਆਂ ਨੂੰ ਚਿੱਠੀਆਂ।
ਕੁੱਲ ਬਿਨੈ-ਪੱਤਰ ਅਤੇ ਚਿੱਠੀਆਂ: ਲਗ-ਪਗ ਦਸ। ਬਿਨੈ-ਪੱਤਰ ਅਤੇ ਚਿੱਠੀਆਂ ਲਿਖਵਾਉਣ ਦਾ ਅਭਿਆਸ ਕਰਵਾਇਆ ਜਾਵੇਗਾ।

ਨਿਰਧਾਰਿਤ ਪਾਠ-ਪੁਸਤਕ-

1. **ਪੰਜਾਬੀ ਪੁਸਤਕ-4 (ਪਹਿਲੀ ਭਾਸ਼ਾ)**
   **(ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)**